Punjab Government Gazette

Published by Authority

No. 33] CHANDIGARH, FRIDAY, AUGUST 15, 2025 (SRAVANA 24, 1947 SAKA)

PART I

Punjab Government Notifications and Orders

ਪੰਜਾਬ ਸਰਕਾਰ

ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ

(ਇਮਾਰਤਾਂ ਤੇ ਸੜਕਾਂ-2 ਸ਼ਾਖਾ)

ਦਫਤਰੀ ਹੁਕਮ

ਮਿਤੀ 24 ਅਗਸਤ, 2023

ਨੰ: 03/11/2023-6BR2/1946.-ਸ਼੍ਰੀ ਗੰਗਾ ਰਾਮ, ਉਪ ਮੰਡਲ ਇੰਜੀਨੀਅਰ (ਕੋਡ ਨੰਬਰ 812/1134-ਡਿਪਲੋਮਾ ਹੋਲਡਰ) (ihrms code 222934) ਜਲ ਸਪਲਾਈ ਅਤੇ ਸੈਨੀਟੇਸ਼ਨ ਉਪ ਮੰਡਲ, ਲੰਬੀ ਵਲੋਂ ਸਵੈ-ਇਛੁੱਕ ਰਿਟਾਇਰਮੈਂਟ ਲੈਣ ਸਬੰਧੀ ਦਿੱਤੀ ਗਈ ਪ੍ਰਤੀਬੇਨਤੀ ਮਿਤੀ 28.04.2023 ਨੂੰ ਸਮਰੱਥ ਅਥਾਰਟੀ ਵਲੋਂ ਵਿਚਾਰਨ ਉਪਰੰਤ ਅਧਿਕਾਰੀ ਨੂੰ ਪੰਜਾਬ ਸਿਵਲ ਸੇਵਾਵਾਂ (ਸਮਾਂ ਪੂਰਵ ਸੇਵਾ ਨਿਵਿਰਤੀ) ਨਿਯਮ 1975 ਦੇ ਨਿਯਮ 3(2) ਅਧੀਨ ਮਿਤੀ 30.07.2023 (ਬਾਅਦ ਦੁਪਹਿਰ) ਤੋਂ ਸਰਕਾਰੀ ਸੇਵਾ ਤੋਂ ਸਵੈ-ਇਛਤ ਸੇਵਾ ਨਿਵਿਰਤ ਕੀਤਾ ਜਾਂਦਾ ਹੈ।

2. ਅਧਿਕਾਰੀ ਵਿਰੁੱਧ ਜੇਕਰ ਕੋਈ ਕ੍ਰੀਮੀਨਲ, ਸਿਵਲ ਕੇਸ, ਵਿਜੀਲੈਂਸ ਕੇਸ ਜਾਂ ਅਨੁਸ਼ਾਸ਼ਨੀ ਕਾਰਵਾਈ ਦਾ ਮਾਮਲਾ ਧਿਆਨ ਵਿੱਚ ਆਉਂਦਾ ਹੈ ਤਾਂ ਸਰਕਾਰ ਦੁਆਰਾ ਇਨ੍ਹਾਂ ਹੁਕਮਾਂ ਨੂੰ ਮੁੜ ਵਿਚਾਰਿਆ ਜਾ ਸਕਦਾ ਹੈ ਜਾਂ ਅਧਿਕਾਰੀ ਵਿਰੁੱਧ ਪੰਜਾਬ ਸਿਵਲ ਸੇਵਾਵਾਂ ਨਿਯਮਾਂਵਲੀ ਭਾਗ-2 ਦੇ ਨਿਯਮ 2.2 ਅਧੀਨ ਕਾਰਵਾਈ ਕੀਤੀ ਜਾ ਸਕਦੀ ਹੈ।

3. ਅਧਿਕਾਰੀ ਦੀ ਰਿਟਾਇਰਮੈਂਟ ਉਪਰੰਤ ਜਲ ਸਪਲਾਈ ਅਤੇ ਸੈਨੀਟੇਸ਼ਨ ਉੱਪ ਮੰਡਲ, ਲੰਬੀ ਦਾ ਵਾਧੂ ਚਾਰਜ ਸ਼੍ਰੀ ਜਗਮੋਹਨ ਸਿੰਘ, ਉਪ ਮੰਡਲ ਇੰਜੀਨੀਅਰ, ਜਸਸ ਉੱਪ ਮੰਡਲ ਗਿੱਦੜਬਾਹਾ ਨੂੰ ਦਿੱਤਾ ਜਾਂਦਾ ਹੈ। ਇਸ ਵਾਧੂ ਚਾਰਜ ਦੇ ਬਦਲੇ ਅਧਿਕਾਰੀ ਨੂੰ ਕੋਈ ਵਾਧੂ ਵਿਤੀ ਲਾਭ ਮਿਲਣਯੋਗ ਨਹੀਂ ਹੋਣਗੇ।

ਡੀ.ਕੇ.ਤਿਵਾਰੀ, ਆਈ.ਏ.ਐਸ,

ਚੰਡੀਗੜ੍ਹ — ਪ੍ਰਮੁੱਖ ਸਕੱਤਰ,ਪੰਜਾਬ ਸਰਕਾਰ

ਮਿਤੀ 23 ਅਗਸਤ, 2023 — ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ

3477/8-2025/Pb. Govt. Press, S.A.S. Nagar